# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-05-2024**

ਲੋਕ ਸਭਾ ਚੋਣਾਂ ਦੇ ਪੰਜਵੇਂ ਗੇੜ ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਅੱਜ ਆਖਰੀ ਤਰੀਕ ਏ । ਕਾਗਜ਼ਾਂ ਦੀ ਪੜਤਾਲ ਭਲਕੇ ਕੀਤੀ ਜਾਵੇਗੀ ਅਤੇ ਸੋਮਵਾਰ ਤੱਕ ਨਾਮ ਵਾਪਸ ਲਏ ਜਾ ਸਕਣਗੇ । ਤੀਜੇ ਗੇੜ ਵਿਚ 7 ਮਈ ਨੂੰ 10 ਸੂਬਿਆਂ ਤੇ ਇਕ ਕੇਂਦਰ ਸ਼ਾਸਿਤ ਪ੍ਰਦੇਸ਼ ਦੀਆਂ 93 ਸੀਟਾਂ 'ਤੇ ਵੋਟਿੰਗ ਹੋਵੇਗੀ ।

---------------------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਅਲੱਗ-ਅਲੱਗ ਮਾਮਲਿਆਂ ਵਿਚ ਚੋਣ ਜ਼ਾਬਤੇ ਦੀ ਉਲੰਘਣਾ ਦੇ ਦੋਸ਼ ਤਹਿਤ ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਨੂੰ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦੇ ਦਫਤਰ ਵੱਲੋਂ ਚੇਤਾਵਨੀ ਜਾਰੀ ਕੀਤੀ ਗਈ ਏ । ਸ਼੍ਰੋਮਣੀ ਅਕਾਲੀ ਦਲ ਨੇ ਆਮ ਆਦਮੀ ਪਾਰਟੀ ਦੇ ਸੂਬਾ

ਕਨਵੀਨਰ ਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਲੋਕ ਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਖਿਲਾਫ ਇਕ ਵੀਡਿਓ ਵਿਚ 'ਦਿੱਲੀ ਦੇ ਦਲਾਲ' ਸ਼ਬਦ ਦੀ ਵਰਤੋਂ ਕੀਤੀ ਗਈ ਸੀ ਜਿਹੜੀ ਕਿ ਆਦਰਸ਼ ਚੋਣ ਜ਼ਾਬਤੇ ਦੇ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਏ। ਸ਼੍ਰੋਮਣੀ ਅਕਾਲੀ ਦਲ ਨੇ ਬਾਅਦ ਵਿਚ ਇਹ ਵੀਡਿਓ ਹਟਾ ਲਈ ਸੀ। ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਚੋਣ ਰੈਲੀ ਵਿਚ ਬੱਚਿਆਂ ਦੀ ਸ਼ਮੂਲੀਅਤ ਦੇ ਮਾਮਲੇ ਨੂੰ ਚੋਣ ਜ਼ਾਬਤੇ ਦੀ ਉਲੰਘਣਾ ਮੰਨਿਆ ਗਿਆ ਏ। ਚੋਣਾਂ ਵਿੱਚ ਬੱਚਿਆਂ ਦੀ ਵਰਤੋਂ ਬਾਬਤ ਭਾਰਤੀ ਚੋਣ ਕਮਿਸ਼ਨ ਵੱਲੋਂ ਸਾਫ ਦਿਸ਼ਾ-ਨਿਰਦੇਸ਼ ਨੇ ਕਿ ਚੋਣ ਰੈਲੀਆਂ/ਮੁਹਿੰਮਾਂ ਵਿਚ ਬੱਚਿਆਂ ਦੀ ਵਰਤੋਂ ਨਾ ਕੀਤੀ ਜਾਵੇ। ਸ਼੍ਰੋਮਣੀ ਅਕਾਲੀ ਦਲ ਨੂੰ ਚੇਤਾਵਨੀ ਦੇਂਦਿਆਂ ਨਿਰਦੇਸ਼ ਦਿੱਤਾ ਗਿਆ ਏ ਕਿ ਉਹ ਅਜਿਹੀਆਂ ਗਲਤੀਆਂ ਦੋਬਾਰਾ ਨਾ ਕਰੇ ਅਤੇ ਚੋਣ ਜ਼ਾਬਤੇ ਦੇ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਕਰੇ। ਉੱਧਰ ਆਮ ਆਦਮੀ ਪਾਰਟੀ ਨੂੰ 'ਅਨਸੈਕਰਡ ਗੇਮਜ਼ ਆਫ ਪੰਜਾਬ' ਵਰਗੀਆਂ ਪੋਸਟਾਂ/ਵੀਡੀਓਜ਼ ਪਾਉਣ ਤੋਂ ਰੋਕਿਆ ਗਿਆ ਏ। ਇਸ ਦੇ ਨਾਲ ਹੀ ਕੈਬਨਿਟ ਮੰਤਰੀ

ਲਾਲਜੀਤ ਸਿੰਘ ਭੁੱਲਰ ਵੱਲੋਂ ਆਪਣੇ ਸਿਆਸੀ ਵਿਰੋਧੀਆਂ ਲਈ ਜਾਤ ਆਧਾਰਤ ਟਿੱਪਣੀਆਂ ਨੂੰ ਵੀ ਚੋਣ ਕਮਿਸ਼ਨ ਨੇ ਆਦਰਸ਼ ਚੋਣ ਜ਼ਾਬਤੇ ਦੇ ਨਿਰਦੇਸ਼ਾਂ ਦੀ ਉਲੰਘਣਾ ਮੰਨਿਆ ਏ। ਚੋਣ ਕਮਿਸ਼ਨ ਨੇ ਆਮ ਆਦਮੀ ਪਾਰਟੀ ਨੂੰ ਚੇਤਾਵਨੀ ਦਿੱਤੀ ਏ ਕਿ ਉਹ ਅਜਿਹੀ ਗਲਤੀ ਦੋਬਾਰਾ ਨਾ ਕਰਦਿਆਂ ਚੋਣ ਜ਼ਾਬਤੇ ਦੀ ਇੰਨ-ਬਿੰਨ ਪਾਲਣਾ ਕਰੇ।

---------------------------------------------------

ਕਾਂਗਰਸੀ ਆਗੂ ਦਵਿੰਦਰ ਯਾਦਵ ਅਤੇ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਏ ਕਿ ਜਿਸ ਤਰ੍ਹਾਂ ਦਾ ਮਾਹੌਲ ਪੂਰੇ ਦੇਸ਼ ਤੇ ਪੰਜਾਬ ਵਿਚ ਏ, ਉਸ ਨੂੰ ਦੇਖ ਕੇ ਲੋਕ ਕਾਂਗਰਸ ਪਾਰਟੀ ਨੂੰ ਯਾਦ ਕਰ ਰਹੇ ਨੇ। ਕੱਲ੍ਹ ਅੰਮ੍ਰਿਤਸਰ ਵਿਖੇ ਸਾਰੇ ਸਾਬਕਾ ਵਿਧਾਇਕਾਂ ਨਾਲ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਕਾਂਗਰਸ ਪਾਰਟੀ ਸਵਾਮੀ ਨਾਥਨ ਦੀ ਰਿਪੋਰਟ ਅਨੁਸਾਰ ਐਮ ਐਸ ਪੀ ਕਿਸਾਨਾਂ ਨੂੰ ਦੇਵੇਗੀ, ਕਿਸਾਨਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣਗੇ ਅਤੇ ਇਸ ਮਾਮਲੇ ਵਿਚ ਇਕ ਕਮਿਸ਼ਨ ਬਣਾ ਕੇ ਠੋਸ ਕਦਮ ਚੁੱਕੇ ਜਾਣਗੇ। ਉਨਾਂ ਕਿਹਾ ਕਿ ਬੇਰੁਜ਼ਗਾਰੀ 'ਤੇ ਵੀ ਕਾਂਗਰਸ ਦਾ ਵਿਸ਼ੇਸ਼ ਧਿਆਨ ਏ ਕਿ ਨੌਜਵਾਨਾਂ ਨੂੰ ਪੜ੍ਹਾਈ ਲਈ 1 ਲੱਖ

ਰੁਪਏ ਦਿੱਤੇ ਜਾਣਗੇ ਅਤੇ ਪਹਿਲੇ ਸਾਲ 30 ਲੱਖ ਨੌਕਰੀਆਂ ਦਿੱਤੀਆਂ ਜਾਣਗੀਆਂ। ਉਨਾਂ ਕਿਹਾ ਕਿ ਔਰਤਾਂ ਨੂੰ ਆਮ ਆਦਮੀ ਪਾਰਟੀ ਨੇ ਝੂਠਾ ਲਾਰਾ ਦਿੱਤਾ ਸੀ ਪਰ ਸਾਡੀ ਸਰਕਾਰ ਆਉਣ ਤੇ ਲਕਸ਼ਮੀ ਸਕੀਮ ਦੇ ਅਧੀਨ ਹਰ ਗਰੀਬ ਘਰ ਦੀ ਬੇਟੀ ਨੂੰ ਇੱਕ ਲੱਖ ਰੁਪਏ ਦਿੱਤੇ ਜਾਣਗੇ ਅਤੇ ਮਹਿਲਾਵਾਂ ਨੂੰ ਰੁਜ਼ਗਾਰ ਦਿੱਤਾ ਜਾਵੇਗਾ।

---------------------------------------------------

ਰੂਪਨਗਰ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਵਲੋਂ ਵੋਟਾਂ ਦੌਰਾਨ ਆਮ ਜਨਤਾ ਅਤੇ ਪੋਲਿੰਗ ਸਟਾਫ ਨੂੰ ਹੀਟ ਸਟਰੋਕ ਤੋਂ ਬਚਾਵ ਲਈ ਟ੍ਰੇਨਿੰਗ ਸੈਕਟਰ ਅਫ਼ਸਰ ਅਤੇ ਵੋਟਾਂ ਦੀਆਂ ਡਿਊਟੀਆਂ ਦੌਰਾਨ ਲੱਗੇ ਸਿਹਤ ਵਿਭਾਗ ਦੇ ਕਮਿਊਨਿਟੀ ਹੈਲਥ ਅਫਸਰ, ਹੈਲਥ ਸੁਪਰਵਾਈਜ਼ਰ, ਹੈਲਥ ਵਰਕਰ, ਏਨਮ ਅਤੇ ਆਸ਼ਾ ਵਰਕਰਾਂ ਦੀ ਟ੍ਰੇਨਿੰਗ ਕਰਵਾਈ ਜਾ ਰਹੀ ਏ। ਸਿਵਲ ਸਰਜਨ ਡਾ. ਮਨੂ ਵਿਜ ਦੀ ਪ੍ਰਧਾਨਗੀ ਹੇਠ ਹੈਲਥ ਸਟਾਫ ਅਤੇ ਸੈਕਟਰ ਅਫਸਰਾਂ ਦੀ ਟ੍ਰੇਨਿੰਗ ਕਰਵਾਈ ਗਈ। ਇਸ ਮੌਕੇ ਤੇ ਬੋਲਦਿਆਂ ਡਾ. ਪ੍ਰਭਲੀਨ ਨੇ ਕਿਹਾ ਕਿ ਦਿਨ ਦਾ ਤਾਪਮਾਨ ਦਿਨੋ-ਦਿਨ ਵੱਧ ਰਿਹਾ

ਏ ਅਤੇ ਇਸ ਮੌਸਮ ਵਿਚ ਸਭ ਤੋਂ ਵੱਡੀ ਸਮੱਸਿਆ ਏ ਗਰਮੀ ਦੀ ਲਹਿਰ ਕਾਰਨ ਹੋਣ ਵਾਲੀਆਂ ਬੀਮਾਰੀਆਂ। ਜੂਨ ਮਹੀਨੇ ਵਿੱਚ ਵੋਟਾਂ ਦੇ ਦੌਰਾਨ ਗਰਮੀ ਆਪਣੇ ਸਿਖਰ ਤੇ ਹੋਵੇਗੀ ਅਤੇ ਲੂ ਲੱਗਣ ਦਾ ਖਤਰਾ ਵੀ ਬਣਿਆ ਰਹੇਗਾ। ਅਜਿਹੇ ਵਿਚ ਆਮ ਲੋਕਾਂ ਨੂੰ ਗਰਮੀ ਤੋਂ ਬਚਣ ਸਬੰਧੀ ਜਿਲ੍ਹਾ ਸਿਹਤ ਵਿਭਾਗ ਨਾਲ ਗਰਮੀ ਦੇ ਮੌਸਮ ਦੇ ਮੱਦੇ ਨਜ਼ਰ ਸੰਭਾਵੀ ਸਿਹਤ ਖਤਰਿਆਂ ਨਾਲ ਨਜਿੱਠਣ ਲਈ ਢੁਕਵੇ ਪ੍ਰਬੰਧ ਕਰ ਲਏ ਗਏ ਨੇ ਤਾਂ ਜੋ ਪ੍ਰਭਾਵਿਤ ਲੋਕਾਂ ਲਈ ਤੁਰੰਤ ਡਾਕਟਰੀ ਸਹਾਇਤਾ ਯਕੀਨੀ ਬਣਾਏ ਜਾ ਸਕੇ।

---------------------------------------------------------------

ਪੰਜਾਬ ਦੇ ਸਰਹੱਦੀ ਇਲਾਕੇ ਅੰਦਰ ਪਾਕਿਸਤਾਨ ਵਲੋਂ ਡਰੋਨ ਰਾਹੀਂ ਲਗਾਤਾਰ ਘੁਸਪੈਠ ਕਰਕੇ ਨਸ਼ਾ ਤੇ ਹਥਿਆਰ ਭਾਰਤੀ ਸਰਹੱਦ ਵੱਲ ਸੁੱਟੇ ਜਾ ਰਹੇ ਨੇ ਪਰ ਬੀ. ਐਸ. ਐਫ. ਦੇ ਜਵਾਨਾ ਵਲੋਂ ਪਾਕਿਸਤਾਨ ਦੀਆਂ ਇਨ੍ਹਾਂ ਕੋਸ਼ਿਸ਼ਾਂ ਨੂੰ ਪੂਰੀ ਤਾਕਤ ਨਾਲ  ਨਾਕਾਮ ਕੀਤਾ ਜਾ ਰਿਹਾ ਏ। ਜਾਣਕਾਰੀ ਅਨੁਸਾਰ ਪਿਛਲੇ 15 ਦਿਨਾਂ ਵਿਚ ਬੀ. ਐਸ. ਐਫ. ਦੇ ਜਵਾਨਾਂ ਨੇ 20 ਪਾਕਿਸਤਾਨੀ ਡਰੋਨ, 15 ਕਿਲੋ 340 ਗ੍ਰਾਮ ਹੈਰੋਇਨ,

3 ਪਿਸਤੌਲ ਅਤੇ 42 ਰੌਂਦ ਬਰਾਮਦ ਕੀਤੇ ਨੇ। ਇਸ ਤੋਂ ਇਲਾਵਾ ਬੀ. ਐਸ. ਐਫ. ਨੇ 4 ਭਾਰਤੀ ਸਮੱਗਲਰਾਂ ਨੂੰ ਫੜਿਆ ਏ ਅਤੇ ਪਾਕਿਸਤਾਨ ਤੋਂ ਦਾਖ਼ਲ ਹੋਏ ਇਕ ਹਥਿਆਰਬੰਦ ਘੁਸਪੈਠੀਏ ਨੂੰ ਕਾਬੂ ਕਰਨ ’ਚ ਕਾਮਯਾਬੀ ਹਾਸਲ ਕੀਤੀ ਏ। ਬੀ. ਐਸ. ਐਫ. ਦੇ ਜਵਾਨਾਂ ਨੇ ਪਿਛਲੇ 15 ਦਿਨਾਂ ਵਿਚ 1 ਲੱਖ ਦੱਸ ਹਜ਼ਾਰ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਏ। ਜ਼ਿਕਰਯੋਗ ਏ ਕਿ ਬੀ. ਐਸ. ਐਫ. ਇਹ ਯਕੀਨੀ ਬਣਾ ਰਿਹਾ ਏ ਕਿ ਸਰਹੱਦ ਪਾਰੋਂ ਕੋਈ ਵੀ  ਲੋਕਤੰਤਰੀ ਪ੍ਰਕਿਰਿਆ ਵਿੱਚ ਵਿਘਨ ਨਾ ਪਾ ਸਕੇ ਅਤੇ ਭਾਰਤੀ ਲੋਕਾਂ ਨੂੰ ਹਰ ਤਰ੍ਹਾਂ ਨਾਲ ਸੁਰੱਖਿਅਤ ਰੱਖਿਆ ਜਾ ਸਕੇ।

--------------------------------------------------------

ਇਸ ਦੌਰਾਨ ਬੀ ਐਸ ਐਫ ਨੇ ਅੰਮ੍ਰਿਤਸਰ ਜ਼ਿਲੇ ਦੇ ਸਰਹੱਦੀ ਪਿੰਡ ਡੋਕੇ ਵਿਚ ਕੱਲ੍ਹ ਦੁਪਹਿਰ ਪਾਕਿਸਤਾਨ ਵਾਲੇ ਪਾਸਿਓਂ ਭਾਰਤੀ ਇਲਾਕੇ ਵੱਲ ਆ ਰਹੇ ਇੱਕ ਘੁਸਪੈਠੀਏ ਨੂੰ ਕਾਬੂ ਕਰ ਲਿਆ। ਤਲਾਸ਼ੀ ਲੈਣ 'ਤੇ ਉਸ ਦੇ ਕਬਜ਼ੇ 'ਚੋਂ ਇੱਕ ਪਿਸਤੌਲ ਬਰਾਮਦ ਕੀਤਾ ਗਿਆ ਏ। ਬੀ ਐਸ ਐਫ ਅਤੇ ਹੋਰ ਏਜੰਸੀਆਂ ਵੱਲੋਂ ਘੁਸਪੈਠੀਏ ਤੋਂ ਪੁੱਛਗਿੱਛ ਕੀਤੀ ਜਾ ਰਹੀ ਏ।